ਨੰ:PERS-PP-1015/10/2025-6PP1/1138288

ਪੰਜਾਬ ਸਰਕਾਰ

ਪ੍ਰਸੋਨਲ ਵਿਭਾਗ

(ਪ੍ਰਸੋਨਲ ਪਾਲਿਸੀਜ਼-1 ਸ਼ਾਖਾ)

ਮਿਤੀ, ਚੰਡੀਗੜ੍ਹ, 30 ਜੂਨ, 2025

ਸੇਵਾ ਵਿਖੇ

ਰਾਜ ਦੇ ਸਮੂਹ ਵਿਭਾਗਾਂ ਦੇ ਮੁੱਖੀ,
ਡਵੀਜ਼ਨਾਂ ਦੇ ਕਮਿਸ਼ਨਰਜ਼,
ਰਜਿਸਟਰਾਰ ਪੰਜਾਬ ਅਤੇ ਹਰਿਆਣਾ ਹਾਈਕੋਰਟ,
ਡਿਪਟੀ ਕਮਿਸ਼ਨਰਜ਼ ਅਤੇ ਉਪ ਡਵੀਜ਼ਨਲ ਮੈਜਿਸਟ੍ਰੇਟ, ਪੰਜਾਬ।

ਵਿਸ਼ਾ:- **ਰਾਜ ਦੇ ਸਮੂਹ ਵਿਭਾਗਾਂ ਅਧੀਨ ਕੰਮ ਕਰਦੇ ਗਰੁੱਪ ਏ, ਬੀ,ਸੀ ਅਤੇ ਡੀ ਦੇ ਅਧਿਕਾਰੀਆਂ/ ਕਰਮਚਾਰੀਆਂ ਦੀਆਂ ਸਾਲ 2024-25 ਦੀਆਂ ਏ.ਪੀ.ਏ.ਆਰਜ਼. ਲਿਖਣ ਦੀ ਸਮੇਂ ਸਾਰਣੀ ਵਿੱਚ ਵਾਧਾ ਕਰਨ ਸਬੰਧੀ।**

******

ਸ਼੍ਰੀਮਾਨ/ਸ਼੍ਰੀਮਤੀ ਜੀ,

ਮੈਨੂੰ ਉਪਰੋਕਤ ਵਿਸ਼ੇ ਤੇ ਆਪ ਦਾ ਧਿਆਨ ਪੰਜਾਬ ਸਰਕਾਰ ਦੇ ਪੱਤਰ ਨੰ: PERS-PP-1015 /27 /2024-6PP1/92 ਮਿਤੀ 27-03-2025, ਪੱਤਰ ਨੰ:PERS-PP-1015/10/2025-6PP1/I/1075664/ 2025 ਮਿਤੀ 14.4.2025, ਪੱਤਰ ਨੰ:PERS-PP-1015/10/2025-6PP1/I/1082994/2025 ਮਿਤੀ 24.4.2025 ਅਤੇ ਪੱਤਰ ਨੰ:PERS-PP-1015/10/2025-6PP1/156 ਮਿਤੀ 14.05.2025 ਵੱਲ ਦਿਵਾਉਂਦੇ ਹੋਏ ਇਹ ਲਿਖਣ ਦੀ ਹਦਾਇਤ ਹੋਈ ਹੈ ਕਿ ਏ.ਪੀ.ਏ.ਆਰ. ਗਾਈਡਲਾਈਨਜ਼ ਦੇ ਪੈਰ੍ਹਾ 1(iii) ਹੇਠ ਦਰਜ ਸਮਾਂ ਸਾਰਨੀ ਵਿੱਚ ਏ.ਪੀ.ਏ.ਆਰ. ਲਿਖਣ ਸਬੰਧੀ ਦਰਸਾਈ ਸਮੇਂ ਦੀ ਮਿਆਦ ਵਿੱਚ ਹੇਠ ਲਿਖੇ ਅਨੁਸਾਰ ਵਾਧਾ ਕੀਤਾ ਜਾਂਦਾ ਹੈ:-

ਲੜੀ ਨੰ:	ਏ.ਪੀ.ਏ.ਆਰ. ਲਿਖਣ ਦਾ ਪੱਧਰ	ਮੌਜੂਦਾ ਮਿਤੀ	ਸੋਧੀ ਹੋਈ ਮਿਤੀ
1.	ਵਿਭਾਗੀ ਰਿਪੋਰਟਕਰਤਾ ਅਧਿਕਾਰੀ ਵੱਲੋਂ ਆਪਣੀ ਰਿਪੋਰਟ ਭਾਗ-3ਅ ਅਤੇ ਭਾਗ-4 ਜਾਂ ਬਾਕੀ ਕੇਸਾਂ ਵਿੱਚ ਭਾਗ-3 ਅਤੇ ਭਾਗ-4 ਮੁਕੰਮਲ ਕਰਨ ਉਪਰੰਤ ਰੀਵਿਊਕਰਤਾ ਅਧਿਕਾਰੀ ਨੂੰ ਭੇਜਣ ਦੀ ਮਿਤੀ	30-06-2025	21.07.2025
2.	ਰੀਵਿਊਕਰਤਾ ਅਧਿਕਾਰੀ ਵੱਲੋਂ ਰਿਪੋਰਟ ਰੀਵਿਊ ਕਰਨ ਦੀ ਮਿਤੀ	15-08-2025	30.08.2025
3.	ਪ੍ਰਵਾਨਕਰਤਾ ਅਧਿਕਾਰੀ ਵੱਲੋਂ ਰਿਪੋਰਟ ਪ੍ਰਵਾਨ ਕਰਨ ਦੀ ਮਿਤੀ	30-09-2025	15.10.2025

2. ਉਕਤ ਸਮਾਂ ਸਾਰਣੀ ਦੀ ਇੰਨ-ਬਿੰਨ ਪਾਲਣਾ ਯਕੀਨੀ ਬਣਾਈ ਜਾਵੇ। <u>ਇਸ ਉਪਰੰਤ ਉਕਤ ਸਮਾਂ ਸਰਾਣੀ ਵਿੱਚ ਕਿਸੇ ਤਰ੍ਹਾਂ ਦਾ ਕੋਈ ਵਾਧਾ ਨਹੀਂ ਕੀਤਾ ਜਾਵੇਗਾ।</u>

30/6/25

ਅਧੀਨ ਸਕੱਤਰ, ਪ੍ਰਸੋਨਲ

ਉਤਾਰਾ ਸਮੂਹ ਵਿਸ਼ੇਸ਼ ਮੁੱਖ ਸਕੱਤਰ, ਵਧੀਕ ਮੁੱਖ ਸਕੱਤਰ, ਵਿੱਤੀ ਕਮਿਸ਼ਨਰਜ਼, ਪ੍ਰਮੁੱਖ ਸਕੱਤਰਾਂ/ਪ੍ਰਬੰਧਕੀ ਸਕੱਤਰਾਂ ਨੂੰ ਲੋੜੀਂਦੀ ਕਾਰਵਾਈ ਹਿੱਤ ਭੇਜਿਆ ਜਾਂਦਾ ਹੈ।

-ਸ਼ਹੀ-
ਅਧੀਨ ਸਕੱਤਰ, ਪ੍ਰਸੋਨਲ

ਸੇਵਾ ਵਿਖੇ

ਵਿਸ਼ੇਸ਼ ਮੁੱਖ ਸਕੱਤਰ/ਵਧੀਕ ਮੁੱਖ ਸਕੱਤਰ/
ਵਿੱਤੀ ਕਮਿਸ਼ਨਰਜ਼/ਪ੍ਰਮੁੱਖ ਸਕੱਤਰ ਅਤੇ
ਪ੍ਰਬੰਧਕੀ ਸਕੱਤਰ, ਪੰਜਾਬ ਸਰਕਾਰ

ਅੰ:ਵਿ:ਪੱ:ਨੰ:PERS-PP-1015/10/2025-6PP1/1138288 ਮਿਤੀ, ਚੰਡੀਗੜ੍ਹ: 30.06.2025

ਪਿ:ਅੰ:ਨੰ:PERS-PP-1015/10/2024-6PP1/1138288 ਮਿਤੀ, ਚੰਡੀਗੜ੍ਹ: 30.06.2025

ਉਕਤ ਦਾ ਇੱਕ ਉਤਾਰਾ ਸੀਨੀਅਰ ਟੈਕਨੀਕਲ ਡਾਇਰੈਕਟਰ ਅਤੇ ਵਿਭਾਗੀ ਮੁੱਖੀ, ਡਿਵੀਜ਼ਨ-4, ਐਨ.ਆਈ.ਸੀ., ਪੰਜਾਬ ਨੂੰ ਸੂਚਨਾ ਅਤੇ ਅਗਲੇਰੀ ਕਾਰਵਾਈ ਲਈ ਭੇਜਿਆ ਜਾਂਦਾ ਹੈ।

-ਸ਼ਹੀ-
ਅਧੀਨ ਸਕੱਤਰ, ਪ੍ਰਸੋਨਲ